# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-03-2025**

- ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਕੱਲ੍ਹ ਤੋਂ ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਦੋ ਦਿਨਾਂ ਦੌਰੇ 'ਤੇ ਹੋਣਗੇ।
- ਪੰਜਾਬ ਸਰਕਾਰ ਵੱਲੋਂ ਲੁਧਿਆਣਾ ਵਿਚ ਫੈਕਟਰੀ ਢਹਿਣ ਕਾਰਨ ਜਾਨ ਗੁਆਉਣ ਵਾਲੇ ਤਿੰਨ ਵਿਅਕਤੀਆਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦੀ ਵਿੱਤੀ ਮਦਦ ਦਾ ਐਲਾਨ ।
- ਪੰਜਾਬ ਪੁਲਿਸ ਨੇ ਤਰਨਤਾਰਨ ਵਿੱਚ ਇੱਕ ਕੌਮਾਂਤਰੀ ਮਾਫੀਆ ਸਰਗਨਾ ਸ਼ਹਿਨਾਜ਼ ਸਿੰਘ ਨੂੰ ਕੀਤਾ ਗ੍ਰਿਫਤਾਰ- ਉਹ FBI ਵੱਲੋਂ ਲੋੜੀਂਦਾ ਸੀ ।
- ਹੋਲੇ-ਮਹੱਲੇ  ਦਾ ਤਿਓਹਾਰ ਅੱਜ ਸ਼੍ਰੀ ਕੀਰਤਪੁਰ ਸਾਹਿਬ ਵਿਖੇ ਆਰੰਭ ਹੋਇਆ  ।

- ਜਲੰਧਰ-ਜੰਮੂ ਸ਼ਾਹਰਾਹ 'ਤੇ ਅੱਜ ਸਵੇਰੇ, ਇੱਕ ਬੱਸ ਅਤੇ ਟਰੈਕਟਰ-ਟਰਾਲੀ ਦੀ ਟੱਕਰ ਵਿੱਚ ਚਾਰ ਲੋਕਾਂ ਦੀ ਮੌਤ ਅਤੇ 15 ਜ਼ਖਮੀ ਹੋਏ ।

---

ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਕੱਲ੍ਹ, 11 ਮਾਰਚ ਤੋਂ ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਦੋ ਦਿਨਾਂ ਦੌਰੇ 'ਤੇ ਹੋਣਗੇ। ਆਪਣੀ ਪੰਜਾਬ ਫੇਰੀ ਦੌਰਾਨ, ਉਹ ਬਠਿੰਡਾ ਵਿਖੇ ਕੇਂਦਰੀ ਯੂਨੀਵਰਸਿਟੀ ਆਫ਼ ਪੰਜਾਬ (CUP) ਅਤੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (AIIMS) ਦੇ ਦੋ ਕਨਵੋਕੇਸ਼ਨ ਸਮਾਗਮਾਂ ਵਿੱਚ ਸ਼ਿਰਕਤ ਕਰਨਗੇ। ਉਨ੍ਹਾਂ ਦੇ ਨਾਲ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਅਤੇ ਹੋਰ ਪਤਵੰਤੇ ਦੋਵੇਂ ਸਮਾਗਮਾਂ ਵਿੱਚ ਸ਼ਾਮਲ ਹੋਣਗੇ।

***ਹੋਰ ਵੇਰਵੇ ਨਾਲ ਇਕ ਰਿਪੋਰਟ : ਪੰਜਾਬ ਸੈਂਟਰਲ ਯੂਨੀਵਰਸਿਟੀ ਵਿਖੇ, ਰਾਸ਼ਟਰਪਤੀ 1 ਹਜ਼ਾਰ 31 ਪੋਸਟ ਗ੍ਰੈਜੂਏਟ ਡਿਗਰੀਆਂ ਅਤੇ 60 ਪੀਐਚ.ਡੀ. ਡਿਗਰੀਆਂ ਪ੍ਰਦਾਨ ਕਰਨਗੇ, ਜਦ ਕਿ ਹੋਣਹਾਰ***

ਵਿਦਵਾਨਾਂ ਨੂੰ ਉਨ੍ਹਾਂ ਦੇ ਅਕਾਦਮਿਕ ਉੱਤਮਤਾ ਲਈ 43 ਗੋਲਡ ਮੈਡਲ ਵੀ ਪ੍ਰਦਾਨ ਕੀਤੇ ਜਾਣਗੇ। ਪ੍ਰਸਿੱਧ ਸ਼ਖਸੀਅਤਾਂ ਨੂੰ ਉਨ੍ਹਾਂ ਦੇ ਸਬੰਧਤ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਲਈ ਪੰਜ ਆਨਰੇਰੀ ਕਾਸਾ (ਡੀ. ਲਿਟ.) ਡਿਗਰੀਆਂ ਵੀ ਦਿੱਤੀਆਂ ਜਾਣਗੀਆਂ। ਏਮਜ਼ ਵਿਖੇ, ਰਾਸ਼ਟਰਪਤੀ ਐਮਬੀਬੀਐਸ, ਡਾਕਟਰ ਆਫ਼ ਮੈਡੀਸਨ, ਮਾਸਟਰ ਆਫ਼ ਸਰਜਰੀ ਅਤੇ ਮਾਸਟਰ ਆਫ਼ ਡੈਂਟਲ ਸਰਜਰੀ ਵਿੱਚ 72 ਡਿਗਰੀਆਂ ਅਤੇ ਮੈਡਲ ਪ੍ਰਦਾਨ ਕਰਨਗੇ। ਸ਼ਾਮ ਵੇਲੇ ਰਾਸ਼ਟਰਪਤੀ ਮੋਹਾਲੀ ਵਿਖੇ ਪੰਜਾਬ ਸਰਕਾਰ ਵਲੋਂ ਉਨ੍ਹਾਂ ਦੇ ਸਨਮਾਨ ਵਿੱਚ ਰੱਖੇ ਗਏ ਨਾਗਰਿਕ ਸਵਾਗਤ ਸਮਾਰੋਹ ਵਿੱਚ ਸ਼ਾਮਲ ਹੋਣਗੇ ਜਿਸ ਵਿਚ ਨਿਆਂਪਾਲਿਕਾ, ਰਾਜਨੀਤਿਕ, ਉੱਚ ਪ੍ਰਸ਼ਾਸਨਿਕ ਅਧਿਕਾਰੀ ਅਤੇ ਵੱਖ-ਵੱਖ ਖੇਤਰਾਂ ਦੀਆਂ ਉੱਘੀਆਂ ਸ਼ਖਸੀਅਤਾਂ ਮੌਜੂਦ ਰਹਿਣਗੀਆਂ। 12 ਮਾਰਚ ਨੂੰ, ਰਾਸ਼ਟਰਪਤੀ ਚੰਡੀਗੜ੍ਹ ਵਿਖੇ ਪੰਜਾਬ ਯੂਨੀਵਰਸਿਟ  ਦੇ 72ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਿਰਕਤ ਕਰਨਗੇ। ਪੰਜਾਬ ਯੂਨੀਵਰਸਿਟੀ ਦੇ

***ਕਨਵੋਕੇਸ਼ਨ ਨੂੰ ਸੰਬੋਧਨ ਕਰਨ ਵਾਲੇ ਉਹ ਭਾਰਤ ਦੇ ਛੇਵੇਂ ਰਾਸ਼ਟਰਪਤੀ ਹੋਣਗੇ। ਰਾਜੇਸ਼ ਬਾਲੀ/ਆਕਾਸ਼ਵਾਣੀ ਖਬਰਾਂ/ਜਲੰਧਰ***

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿਚ ਫੋਕਲ ਪੁਆਇੰਟ ਵਿਖੇ ਫੈਕਟਰੀ ਢਹਿਣ ਕਾਰਨ ਜਾਨ ਗੁਆਉਣ ਵਾਲੇ ਤਿੰਨ ਵਿਅਕਤੀਆਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦੀ ਵਿੱਤੀ ਮਦਦ ਦਾ ਐਲਾਨ ਕੀਤਾ ਏ । ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅੱਜ ਦੱਸਿਆ ਸਰਕਾਰ ਉਨ੍ਹਾਂ ਨੌਂ ਕਰਮਚਾਰੀਆਂ ਦੇ ਸਾਰੇ ਡਾਕਟਰੀ ਖਰਚਿਆਂ ਨੂੰ ਅਦਾ ਕਰੇਗੀ ਜਿਨ੍ਹਾਂ ਦੀ ਹਾਲਤ ਇਸ ਸਮੇਂ ਹਸਪਤਾਲ ਵਿੱਚ ਸਥਿਰ ਨੇ । ਉਨ੍ਹਾਂ ਡਾਕਟਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਮਜ਼ਦੂਰਾਂ ਦੇ ਪਰਿਵਾਰਾਂ ਨੂੰ ਵਿਆਪਕ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਦੱਸਿਆ ਕਿ ਐਨ.ਡੀ.ਆਰ.ਐਫ ਦੀਆਂ ਤਿੰਨ ਟੀਮਾਂ ਨੇ ਚਾਰ ਮਜ਼ਦੂਰਾਂ ਨੂੰ ਸਹੀ ਸਲਾਮਤ ਸਫਲਤਾ-ਪੂਰਵਕ ਬਚਾਇਆ ਏ , ਜੋ ਕਿ ਠੀਕ ਨੇ । ਉਨ੍ਹਾਂ ਕਿਹਾ ਕਿ ਜੇਕਰ ਵਾਧੂ ਸਹਾਇਤਾ ਦੀ ਲੋੜ ਪਈ ਤਾਂ NDRF ਤਿਆਰ ਰਹੇਗਾ, ਕਿਉਂਕਿ ਇਸ ਵੇਲੇ ਮਲਬੇ ਹੇਠ ਕਿਸੇ ਵੀ

ਮਜ਼ਦੂਰ ਦੇ ਫਸਣ ਦੀ ਕੋਈ ਰਿਪੋਰਟ ਨਹੀਂ ਏ । ਉਨ੍ਹਾਂ ਦੱਸਿਆ ਕਿ ਟੀਮਾਂ ਸਾਰੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਦੇ ਹੋਏ ਖੇਤਰ ਨੂੰ ਸਾਫ਼ ਕਰਨ ਲਈ ਮੌਕੇ 'ਤੇ ਮੌਜੂਦ ਹਨ। ਇਨ੍ਹਾਂ ਟੀਮਾਂ ਨੇ ਪਹਿਲਾਂ ਹੀ ਸਾਈਟ ਤੋਂ ਸਲ-ਫਿਊਰਿਕ ਐਸਿਡ ਅਤੇ ਐਸੀਟਿਕ ਐਸਿਡ ਵਾਲੇ ਡਰੰਮ ਹਟਾ ਦਿੱਤੇ ਹਨ, ਜਿਨ੍ਹਾਂ ਦਾ ਨਿਪਟਾਰਾ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਨਿਯਮਾਂ ਅਨੁਸਾਰ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਘਟਨਾ ਦੇ ਸਹੀ ਕਾਰਨਾਂ ਦਾ ਪਤਾ ਲਗਾਉਣ ਲਈ ਪੂਰਬੀ ਸਬ-ਡਿਵੀਜ਼ਨਲ ਮੈਜਿਸਟ੍ਰੇਟ ਜਸਲੀਨ ਕੌਰ ਭੁੱਲਰ ਦੀ ਅਗਵਾਈ ਹੇਠ ਇੱਕ ਮੈਜਿਸਟ੍ਰੇਟ ਜਾਂਚ ਸ਼ੁਰੂ ਕਰ ਦਿੱਤੀ ਗਈ ਏ । ਇਸ ਤੋਂ ਇਲਾਵਾ, ਕਮਿਸ਼ਨਰੇਟ ਪੁਲਿਸ ਨੇ ਪੰਜ ਵਿਅਕਤੀਆਂਮਾਮਲਾ ਦਰਕ ਕੀਤਾ ਗਿਆ ਏ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਿਕਰਯੋਗ ਏ ਕਿ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਵੀ 3 ਮ੍ਰਿਤਕਾਂ ਦੇ ਪਰਿਵਾਰਾਂ ਨੂੰ 1-1 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਏ ।

---------------------------------------------------------------

ਸੂਬੇ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਰੋਪੜ ਦੇ ਗੁਰੂ

ਗੋਬਿੰਦ ਸਰਕਾਰੀ ਹਸਪਤਾਲ ਦਾ ਦੌਰਾ ਕੀਤਾ । ਇਸ ਮੌਕੇ ਉਨ੍ਹਾਂ ਸਿਵਲ ਹਸਪਤਾਲ ਦੇ ਵਿੱਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਤੇ ਨਜ਼ਰ ਸ਼ਾਨੀ ਕੀਤੀ ਅਤੇ ਸਿਵਿਲ ਸਰਜਨ ਡਾਕਟਰ ਤਰਸੇਮ ਸਿੰਘ ਨੂੰ ਸਰਕਾਰੀ ਹਸਪਤਾਲ ਦੇ ਅੰਦਰ ਹੀ ਮਰੀਜ਼ਾਂ ਨੂੰ ਹਰੇਕ ਤਰ੍ਹਾਂ ਦੀ ਦਵਾਈਆਂ ਉਪਲਬਧ ਕਰਵਾਉਣ ਨੂੰ ਯਕੀਨੀ ਕਰਵਾਉਣ ਦੀ ਹਦਾਇਤ ਕੀਤੀ ਗਈ। ਉਨ੍ਹਾਂ ਨਸ਼ਾ ਛੁਡਾਓ ਕੇਂਦਰ ਦਾ ਕ ਦੌਰਾ ਕੀਤਾ ਤੇ ਮਰੀਜ਼ਾਂ ਦੀ ਬਕਾਇਦਾ ਕੌਂਸਲਿੰਗ ਕਰਕੇ ਉਨਾਂ ਨੂੰ ਇਸ ਨਸ਼ੇ ਦੀ ਅਲਾਮਤ ਦੂਰ ਕਰਨ ਜੇ ਕੰਮ ਨੂੰ ਗੰਭੀਰ ਦਿਲਚਸਪੀ ਲੈ ਕੇ ਕਰਨ ਦੀ ਹਿਦਾਇਤ ਵੀ ਕੀਤੀ।

---------------------------------------------------------------

ਦੇਸ਼ ਵਿੱਚ 54ਵਾਂ ਰਾਸ਼ਟਰੀ ਸੁਰੱਖਿਆ ਹਫ਼ਤਾ ਮਨਾਇਆ ਜਾ ਰਿਹਾ ਏ । ਇਹ ਹਫ਼ਤਾ ਹਰ ਸਾਲ 4 ਤੋਂ 10 ਮਾਰਚ ਤੱਕ ਮਨਾਇਆ ਜਾਂਦਾ ਏ । ਇਸਦਾ ਉਦੇਸ਼ ਵੱਖ-ਵੱਖ ਖੇਤਰਾਂ ਵਿੱਚ ਸੁਰੱਖਿਆ ਸਾਵਧਾਨੀਆਂ ਬਾਰੇ ਜਾਗਰੂਕਤਾ ਵਧਾਉਣਾ ਏ। ਇਸ ਸਾਲ ਦਾ ਵਿਸ਼ਾ 'ਵਿਕਸਤ ਭਾਰਤ ਲਈ

ਸੁਰੱਖਿਆ ਅਤੇ ਸਿਹਤ ਮਹੱਤਵਪੂਰਨ' ਏ। ਇਹ ਵਿਕਸਤ ਭਾਰਤ ਲਈ, ਸੁਰੱਖਿਆ ਦੇ ਮਹੱਤਵ 'ਤੇ ਕੇਂਦਰਿਤ ਏ।

---------------------------------------------------

ਪੰਜਾਬ ਪੁਲਿਸ ਨੇ ਬੀਤੀ ਸ਼ਾਮ ਤਰਨਤਾਰਨ ਵਿੱਚ ਇੱਕ ਕੌਮਾਂਤਰੀ ਮਾਫੀਆ ਸਰਗਨਾ ਸ਼ਹਿਨਾਜ਼ ਸਿੰਘ ਨੂੰ ਗ੍ਰਿਫਤਾਰ ਕੀਤਾ ਏ । ਉਹ ਇੱਕ ਆਲਮੀ ਨਸ਼ਾ ਸਿੰਡੀਕੇਟ ਦਾ ਇੱਕ ਪ੍ਰਮੁੱਖ ਹਿੱਸਾ ਸੀ, ਤੇ ਕੋਲੰਬੀਆ ਤੋਂ ਅਮਰੀਕਾ ਅਤੇ ਕੈਨੇਡਾ ਵਿੱਚ ਕੋਕੀਨ ਦੀ ਤਸਕਰੀ ਕਰਦਾ ਸੀ ਅਤੇ ਅਮਰੀਕਾ ਦੀ ਖੁਫੀਆ ਅਤੇ ਸੁਰੱਖਿਆ ਸੇਵਾ ਏਜੰਸੀ, ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ (FBI) ਵੱਲੋਂ ਲੋੜੀਂਦਾ ਸੀ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਮੁਤਾਬਿਕ ਇਹ ਗ੍ਰਿਫ਼ਤਾਰੀ ਸ਼ਹਿਨਾਜ਼ ਸਿੰਘ ਦੇ ਚਾਰ ਸਾਥੀਆਂ ਦੀਆਂ ਅਮਰੀਕਾ ਵਿੱਚ 26 ਫਰਵਰੀ ਨੂੰ ਪਹਿਲਾਂ ਹੋਈਆਂ ਗ੍ਰਿਫ਼ਤਾਰੀਆਂ ਤੋਂ ਬਾਅਦ ਹੋਈ ਏ । ਇਸ ਕਾਰਵਾਈ ਤੋਂ ਬਾਅਦ, ਸ਼ਹਿਨਾਜ਼ 2 ਮਾਰਚ ਨੂੰ ਭਾਰਤ ਵਾਪਸ ਆਇਆ ਅਤੇ ਤਰਨਤਾਰਨ ਪੁਲਿਸ ਨੇ ਉਸ ਦਾ ਪਤਾ ਲਗਾ ਕੇ ਗ੍ਰਿਫਤਾਰ ਕਰ ਲਿਆ। ਇਸ ਦੌਰਾਨ, ਅਮਰੀਕੀ ਅਧਿਕਾਰੀਆਂ ਨੇ ਅਮਰੀਕਾ ਵਿੱਚ ਗ੍ਰਿਫਤਾਰ

ਕੀਤੇ ਗਏ ਲੋਕਾਂ ਦੇ ਘਰੋਂ 391 ਕਿਲੋਗ੍ਰਾਮ ਮੈਥਮਫੇਟਾਮਾਈਨ, 109 ਕਿਲੋਗ੍ਰਾਮ ਕੋਕੀਨ ਅਤੇ ਹਥਿਆਰ ਬਰਾਮਦ ਕੀਤੇ ਨੇ।

---------------------------------------------------------------

ਹੋਲੇ-ਮਹੱਲੇ ਦਾ ਤਿਓਹਾਰਅੱਜ ਸ਼੍ਰੀ ਕੀਰਤਪੁਰ ਸਾਹਿਬ ਵਿਖੇ ਗੁਰਦੁਆਰਾ ਪਤਾਲਪੁਰੀ ਸਾਹਿਬ ਵਿਚ ਆਰੰਭ ਹੋ ਗਿਆ। ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਕੀਤੇ ਗਏ ਜਿਸ ਦੇ ਭੋਗ 12 ਮਾਰਚ ਨੂੰ ਪਾਏ ਜਾਣਗੇ। ਇਸ ਮੌਕੇ ਆਰੰਭਤਾ ਦੀ ਅਰਦਾਸ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜੋਗਿੰਦਰ ਸਿੰਘ ਨੇ ਕੀਤੀ। ਉਹਨਾਂ ਨੇ ਹੋਲੇ ਮਹੱਲੇ ਦੀ ਸੰਗਤਾਂ ਨੂੰ ਵਧਾਈ ਦਿੱਤੀ ਤੇ ਇਸ ਤਿਉਹਾਰ ਨੂੰ ਮਨਾਉਣ ਦੀ ਅਪੀਲ ਕਰਦਿਆਂ ਨੌਜਵਾਨਾਂ ਨੂੰ ਖਾਸ ਕਰ ਕੇ ਕਿਹਾ ਕਿ ਉਹ ਮੋਟਰਸਾਈਕਲਾਂ ਅਤੇ ਟਰੈਕਟਰਾਂ ਤੇ ਸਟੰਟ ਨਾ ਕਰਨ। ਓਧਰ, ਸ਼੍ਰੀ ਅਨੰਦਪੁਰ ਸਾਹਿਬ ਦੇ ਗੁਰੂ ਘਰਾਂ ਨੂੰ ਵੀ ਰੰਗ-ਬਰੰਗੀਆਂ ਰੌਸ਼ਨੀਆਂ ਦੇ ਨਾਲ ਸਜਾਇਆ ਗਿਆ ਏ। ਇਸ ਮੌਕੇ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿਚ ਗੁਰੂ ਘਰ ਦੇ ਕੀਰਤਨੀਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਪਹਿਲੇ ਤਿੰਨ ਦਿਨ ਅੱਜ, ਭਲਕੇ ਤੇ

ਪਰਸੋਂ 12 ਮਾਰਚ ਨੂੰ ਕੀਰਤਪੁਰ ਸਾਹਿਬ ਵਿਚ ਅਤੇ ਬਾਅਦ ਵਿਚ 13, 14 ਤੇ 15 ਮਾਰਚ ਨੂੰ ਅਨੰਦਪੁਰ ਸਾਹਿਬ ਵਿਚ ਹੋਲਾ ਮਹੱਲਾ ਸਬੰਧੀ ਸਮਾਗਮ  ਕੀਤੇ ਜਾਣਗੇ। ਹੋਲਾ-ਮਹੱਲਾ ਮਨਾਉਣ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਣ ਤੋਂ ਰੋਕਣ ਲਈ, ਸੂਬੇ ਵਿਚ ਟ੍ਰੈਕਟਰਾਂ ਅਤੇ ਟਰੱਕਾਂ ‘ਤੇ ਸਪੀਕਰਾਂ ਦੀ ਵਰਤੋਂ ‘ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਗਈ ਏ। ਸਰਕਾਰੀ ਹਦਾਇਤਾਂ ਮੁਤਾਬਕ ਟ੍ਰੈਫਿਕ ਨੇਮਾਂ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਤੋਂ ਆਵਾਜ਼ ਪ੍ਰਦੂਸ਼ਣ ਕਰਨ ਵਾਲੇ ਸਪੀਕਰਾਂ ਨੂੰ ਉਤਾਰ ਕੇ ਅੱਗੇ ਜਾਣ ਦਿੱਤਾ ਜਾਵੇਗਾ। ਰੂਪਨਗਰ ਦੇ ਐੱਸ.ਐੱਸ.ਪੀ ਗੁਲਨੀਤ ਸਿੰਘ ਨੇ ਖੁਰਾਣਾ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਰੇ ਜਿਲਿਆਂ ਦੇ ਪੁਲਿਸ ਪ੍ਰਸ਼ਾਸਨ ਨੂੰ ਇਸ ਬਾਰੇ ਹਿਦਾਇਤਾਂ ਜਾਰੀ ਕੀਤੀਆਂ ਨੇ।

-------------------------------------------------------

ਸੰਯੁਕਤ ਕਿਸਾਨ ਮੋਰਚਾ ਵਲੋਂ, ਪੰਜਾਬ ਵਿਚ ਵੱਖ-ਵੱਖ ਥਾਵਾਂ 'ਤੇ ਆਪਣੀਆਂ ਮੰਗਾਂ ਨੂੰ ਲੈ ਕੇ  ਪੇਂਡੂ ਖੇਤਰਾਂ ਵਿੱਚ ਆਮ ਆਦਮੀ ਪਾਰਟੀ  ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕਰਕੇ ਵਿਰੋਧ ਪ੍ਰਦਰਸ਼ਨ ਕੀਤਾ

ਗਿਆ। ਸਵੇਰੇ 11 ਵਜੇ ਸ਼ੁਰੂ ਹੋਇਆ ਇਹ ਵਿਰੋਧ ਪ੍ਰਦਰਸ਼ਨ ਦੁਪਹਿਰ 3 ਵਜੇ ਖਤਮ ਹੋਇਆ। ਦੁਆਬਾ ਕਿਸਾਨ ਕਮੇਟੀ ਪੰਜਾਬ ਵਲੋਂ ਹੁਸ਼ਿਆਰਪੁਰ ਵਿਚ ਟਾਂਡਾ, ਦਸੂਹਾ, ਅਤੇ ਮੁਕੇਰੀਆਂ ਅਤੇ ਕਰਤਾਰਪੁਰ ਤੇ ਅੰਮ੍ਰਿਤਸਰ ਸਮੇਤ ਵੱਖ ਵੱਖ ਜ਼ਿਲਿਆਂ ਵਿਚ ਧਰਨੇ ਲਾਏ ਗਏ। ਕਿਸਾਨਾਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਏ ਕਿ ਜੇਕਰ ਪੰਜਾਬ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਭਵਿੱਖ ਵਿੱਚ ਵੱਡਾ ਸੰਘਰਸ਼ ਕੀਤਾ ਜਾਵੇਗਾ।

---------------------------------------------------

ਹੁਸ਼ਿਆਰਪੁਰ ਤੋਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ-ਊਨਾ ਸੜਕ ਦੀ ਹਾਲਤ ਦਾ ਜਾਇਜ਼ਾ ਲੈਂਦਿਆਂ ਕੇਂਦਰ ਸਰਕਾਰ ਤੋਂ , ਰਾਹਗੀਰਾਂ ਦੀ ਭਾਰੀ ਆਮਦ ਅਤੇ ਸੁਰੱਖਿਅਤ ਆਵਾਜਾਈ ਦੇ ਮੱਦੇਨਜ਼ਰ ਇਸ ਸੜਕ ਦੀ ਤੁਰੰਤ ਲੋੜੀਂਦੀ ਮੁਰੰਮਤ ਯਕੀਨੀ ਬਣਾਉਣ ਅਤੇ ਕੌਮੀ ਸ਼ਾਹਰਾਹ ਅਥਾਰਟੀ ਦੇ ਅਧਿਕਾਰੀਆਂ ਨੂੰ ਸੜਕ ਦੀ ਹਾਲਤ ਸੁਧਾਰਨ ਲਈ ਪਾਬੰਦ ਕਰਨ ਦੀ ਮੰਗ ਕੀਤੀ ਏ। ਵਣਖੰਡੀ ਵਿਖੇ ਕਈ ਥਾਂ ਤੋਂ ਟੁੱਟੇ ਕੌਮੀ ਸ਼ਾਹਰਾਹ ਅਤੇ ਬਰਮ ਨਾ ਹੋਣ ’ਤੇ ਚਿੰਤਾ

ਪ੍ਰਗਟਾਉਂਦਿਆਂ ਸ੍ਰੀ ਜਿੰਪਾ ਨੇ ਕਿਹਾ ਕਿ ਅਧਿਕਾਰੀਆਂ ਨੂੰ ਫੌਰੀ ਇਸ ਸੜਕ ਦਾ ਜਾਇਜ਼ਾ ਲੈ ਕੇ ਮੁਰੰਮਤ ਕਰਵਾਉਣੀ ਚਾਹੀਦੀ ਏ। ਵਿਧਾਇਕ ਨੇ ਇਸ ਮਸਲੇ ’ਤੇ ਕੇਂਦਰੀ ਸੜਕੀ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੂੰ ਲਿਖਤੀ ਪੱਤਰ ਰਾਹੀਂ ਅਪੀਲ ਕੀਤੀ ਕਿ ਆਉਂਦੇ ਦਿਨਾਂ ਵਿਚ ਬਾਬਾ ਬਾਲਕ ਨਾਥ ਅਤੇ ਹੋਲਾ-ਮਹੱਲਾ ’ਤੇ ਭਾਰੀ ਗਿਣਤੀ ਵਿਚ ਸ਼ਰਧਾਲੂਆਂ ਦੇ ਆਉਣ-ਜਾਣ ਨੂੰ ਧਿਆਨ ਵਿਚ ਰੱਖਦਿਆਂ ਇਸ ਸੜਕ ਦੀ ਹਾਲਤ ਸੁਧਾਰੀ ਜਾਵੇ। ਉਨ੍ਹਾਂ ਕਿਹਾ ਕਿ ਸੜਕ ਦੇ ਆਲੇ-ਦੁਆਲੇ 100 ਤੋਂ 200 ਮੀਟਰ ਡੂੰਘੀਆਂ ਖੱਡਾਂ ਨੇ ਅਤੇ ਸੜਕ ਦੀ ਮੌਜੂਦਾ ਹਾਲਤ ਕਾਰਨ ਕਿਸੇ ਵੀ ਤਰ੍ਹਾਂ ਦਾ ਹਾਦਸਾ ਵਾਪਰ ਸਕਦਾ ਏ।

---------------------------------------------------------------

ਸ੍ਰੀ ਕੀਰਤਪੁਰ ਸਾਹਿਬ ਸਥਿਤ ਮੁੱਢਲੇ ਸਿਹਤ ਕੇਂਦਰ ਵਿਚ ਆਸ਼ਾ ਵਰਕਰਾਂ ਲਈ "ਮਾਨਸਿਕ ਸਿਹਤ, ਇਲਾਜ ਅਤੇ ਬਜ਼ੁਰਗਾਂ ਦੀ ਦੇਖਭਾਲ" ਵਿਸ਼ੇ 'ਤੇ 5 ਮਾਰਚ ਨੂੰ ਸ਼ੁਰੂ ਹੋਇਆ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮ ਅੱਜ ਸਮਾਪਤ ਹੋ ਗਿਆ ਏ। ਸੀਨੀਅਰ ਮੈਡੀਕਲ ਅਫ਼ਸਰ ਡਾ: ਦਲਜੀਤ ਕੌਰ ਨੇ ਦੱਸਿਆ ਕਿ ਇਹ ਪ੍ਰੋਗਰਾਮ, ਆਸ਼ਾ ਵਰਕਰਾਂ ਨੂੰ

ਬਜ਼ੁਰਗਾਂ ਦੀ ਦੇਖਭਾਲ, ਇਲਾਜ ਅਤੇ ਉਹਨਾਂ ਦੀ ਮਾਨਸਿਕ ਸਿਹਤ ਬਾਰੇ ਸਿੱਖਿਅਤ ਕਰਕੇ ਬੁਢਾਪੇ 'ਚ ਪੈਦਾ ਹੋਣ ਵਾਲੀਆਂ ਮੁਸ਼ਕਲਾਂ ਨੂੰ ਘੱਟ ਕਰਨ ਦੇ ਉਦੇਸ਼ ਨਾਲ ਕਰਵਾਇਆ ਗਿਆ। ਉਹਨਾਂ ਕਿਹਾ ਕਿ ਇਹ ਪ੍ਰੋਗਰਾਮ ਆਸ਼ਾ ਵਰਕਰਾਂ ਦੀ ਸਮਝ ਅਤੇ ਯੋਗਤਾ ਵਿਚ ਵਾਧਾ ਕਰਨ 'ਤੇ ਕੇਂਦਰਿਤ ਰਿਹਾ, ਤਾਂ ਜੋ ਉਹ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਲੋਕਾਂ ਦੀਆਂ ਮਾਨਸਿਕ ਸਿਹਤ ਸਬੰਧੀ ਸਮੱਸਿਆਵਾਂ ਨੂੰ ਵਧੇਰੇ ਬਾਰੀਕੀ ਨਾਲ ਸਮਝ ਸਕਣ ਅਤੇ ਮਰੀਜ਼ਾਂ ਨੂੰ ਸਮੇਂ ਸਿਰ ਲੋੜੀਂਦੀ ਮਦਦ ਮੁੱਹਈਆ ਕਰਵਾਈ ਜਾ ਸਕੇ। ਡਾ. ਦਲਜੀਤ ਕੌਰ ਨੇ ਕਿਹਾ ਕਿ ਅਕਸਰ ਤਣਾਅ ਅਤੇ ਉਦਾਸੀ ਨੂੰ ਬਿਮਾਰੀ ਨਹੀਂ ਮੰਨਿਆ ਜਾਂਦਾ ਜਦਕਿ ਉਦਾਸੀ ਵਰਗੀ ਸਮੱਸਿਆ ਨੂੰ ਸਵੀਕਾਰਨਾ ਅਤੇ ਉਸ ਦਾ ਹੱਲ ਲੱਭਣਾ ਲੁਕਾਉਣ ਵਾਲੀ ਗੱਲ ਨਹੀਂ। ਉਹਨਾਂ ਕਿਹਾ ਕਿ ਜੇ ਅਸੀਂ ਸਹੀ ਸਮੇਂ 'ਤੇ ਮਾਨਸਿਕ ਸਿਹਤ ਵਿੱਚ ਆਏ ਬਦਲਾਅ ਨੂੰ ਨਜ਼ਰਅੰਦਾਜ਼ ਕਰਕੇ ਲੋੜੀਂਦੀ ਸਹਾਇਤਾ ਲੈਣ ਤੋਂ ਪਰਹੇਜ਼ ਕਰਦੇ ਹਾਂ, ਤਾਂ ਇਹ ਸਾਡੀ ਮਾਨਸਿਕ ਸਿਹਤ 'ਤੇ ਡੂੰਘਾ ਅਤੇ ਨਕਾਰਾਤਮਕ ਪ੍ਰਭਾਵ ਪਾ ਸਕਦਾ ਏ ।

---------------------------------------------------------

ਜਲੰਧਰ-ਜੰਮੂ ਸ਼ਾਹਰਾਹ 'ਤੇ ਅੱਜ ਸਵੇਰੇ ਇੱਕ ਬੱਸ ਅਤੇ ਟਰੈਕਟਰ-ਟਰਾਲੀ ਦੀ ਟੱਕਰ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ ਅਤੇ 15 ਜ਼ਖਮੀ ਹੋ ਗਏ। ਇਸ ਘਟਨਾ ਵਿੱਚ ਮਰਨ ਵਾਲਿਆਂ ਵਿੱਚ ਬੱਸ ਡਰਾਈਵਰ ਅਤੇ ਤਿੰਨ ਮੁਸਾਫ਼ਰ ਸ਼ਾਮਲ ਨੇ। ਡਰਾਈਵਰ ਜੰਮੂ-ਕਸ਼ਮੀਰ ਦਾ ਰਹਿਣ ਵਾਲਾ ਸੀ ਅਤੇ ਇੱਕ ਪਿਓ-ਪੁੱਤਰ ਦਿੱਲੀ ਦੇ ਰਹਿਣ ਵਾਲੇ ਨੇ ਜਦੋਂ ਕਿ ਚੌਥਾ ਮ੍ਰਿਤਕ ਲੁਧਿਆਣਾ ਦਾ ਰਹਿਣ ਵਾਲਾ ਏ। ਟਰਾਲੀ ਦਾ ਡਰਾਈਵਰ ਪਰਵਿੰਦਰ ਸਿੰਘ ਵੀ ਜ਼ਖਮੀ ਹੋਇਆ ਏ। ਬੱਸ ਜਲੰਧਰ ਤੋਂ ਜਾ ਰਹੀ ਸੀ ਅਤੇ ਕਾਲਾ ਬਕਰਾ ਪਹੁੰਚਣ 'ਤੇ, ਸ਼ਾਹਰਾਹ  'ਤੇ ਇੱਟਾਂ ਨਾਲ ਭਰੀ ਇੱਕ ਟਰੈਕਟਰ-ਟਰਾਲੀ ਨਾਲ ਟਕਰਾ ਗਈ। ਸਾਰੇ ਜ਼ਖਮੀਆਂ ਨੂੰ ਜਲੰਧਰ ਦੇ ਸਿਵਲ ਹਸਪਤਾਲ ਸਮੇਤ ਵੱਖ-ਵੱਖ ਹਸਪਤਾਲਾਂ ਵਿੱਚ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਏ।

---------------------------------------------------------

ਹੁਸ਼ਿਆਰਪੁਰ ਦੇ ਜ਼ਿਲ੍ਹੇ ਦੇ ਸਿਵਿਲ ਸਰਜਨ ਡਾ ਪਾਵਾਂ ਕੁਮਾਰ ਅਤੇ ਟੀਬੀ ਅਫਸਰ ਡਾ ਸ਼ਕਤੀ ਨੇ ਪ੍ਰਧਾਨ ਮੰਤਰੀ ਟੀ.ਬੀ ਮੁਕਤ ਭਾਰਤ

ਅਭਿਆਨ ਤਹਿਤ ਟੀਬੀ ਮੁਕਤ ਪੰਚਾਇਤ ਸੰਬੰਧੀ ਪੰਚਾਇਤਾਂ ਵੱਲੋਂ ਕੀਤੀ ਜਾਣ ਵਾਲੀ ਤਸਦੀਕ ਕਰਕੇ ਸਮੇਂ ਸਿਰ ਦਾਅਵਾ ਜਮਾਂ ਕਰਵਾਉਣ ਦੇ ਨਿਰਦੇਸ਼ ਦਿਤੇ ਨੇ। ਦਫ਼ਤਰ ਸਿਵਲ ਸਰਜਨ ਵਿਖੇ ਮੀਟਿੰਗ ਵਿਚ '100 ਦਿਨ ਟੀ ਬੀ ਮੁਹਿੰਮ' ਅਤੇ 'ਟੀ ਬੀ ਮੁਕਤ ਪੰਚਾਇਤ' ਤਸਦੀਕ ਕਮੇਟੀ ਦੇ ਮੈਂਬਰ ਸ਼ਾਮਿਲ ਹੋਏ। ਟੀ ਬੀ ਮੁਕਤ ਪੰਚਾਇਤ ਪ੍ਰੋਗਰਾਮ ਤਹਿਤ ਜ਼ਿਲੇ ਵਿਚ ਚੁਣੀਆਂ ਗਈਆਂ 106 ਪੰਚਾਇਤਾਂ ਵਲੋਂ ਕੀਤੀ ਜਾਣ ਵਾਲੀ ਤਸਦੀਕ ਪ੍ਰਕਿਰਿਆ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲੇ ਵਿਚ ਚੱਲ ਰਹੀ 100 ਦਿਨਾਂ ਟੀ ਬੀ ਮੁਹਿੰਮ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ ।

---------------------------------------------------